# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਾਡਾ ਦੇਸ਼ ਪ੍ਰਤਿਭਾ ਦਾ ਇੱਕ ਪਾਵਰਹਾਊਸ ਏ , ਜੋ ਕਿ ਕਾਡਾਂ ਅਤੇ ਸਾਹਸ ਦਾ ਪ੍ਰਦਰਸ਼ਨ ਕਰਨ ਵਾਲੀਆਂ ਅਣਗਿਣਤ ਪ੍ਰੇਰਣਾਦਾਇਕ ਜੀਵਨ ਯਾਤਰਾਵਾਂ ਨਾਲ ਭਰਿਆ ਹੋਇਆ ਏ। ਉਨ੍ਹਾਂ ਨੇ ਕੱਲ੍ਹ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਗ੍ਰੀਨ ਆਰਮੀ ਦਾ ਜ਼ਿਕਰ ਕੀਤਾ ਅਤੇ ਉਨ੍ਹਾਂ ਦੇ ਪ੍ਰੇਰਨਾਦਾਇਕ ਕਾਰਜ ਦੀ ਸ਼ਲਾਘਾ ਕੀਤੀ। ਗ੍ਰੀਨ ਆਰਮੀ, ਵਾਰਾਣਸੀ ਦੇ ਦੇਵਰਾ, ਵਿੱਚ ਦ੍ਰਿੜ ਇਰਾਦੇ ਵਾਲੀਆਂ ਔਰਤਾਂ ਦੀ ਇੱਕ ਸੰਸਥਾ ਏ , ਜੋ ਨਸ਼ਿਆਂ ਅਤੇ ਜੂਏ ਦੇ ਖਿਲਾਫ ਜਾਗਰੂਕਤਾ ਪੈਦਾ ਕਰਦੀ ਏ। ਇਹ ਸੰਸਥਾ ਹਰ ਬੱਚੀ ਦੇ ਜਨਮ ਦਾ ਜਸ਼ਨ ਮਨਾਉਂਦੀ ਏ ਅਤੇ ਦਾਜ ਪ੍ਰਥਾ ਦੇ ਖਿਲਾਫ ਲੜਾਈ ਲੜਦੀ ਏ। ਇਸ ਸਮੂਹ ਦੀ ਸਥਾਪਨਾ ਅਤੇ ਸੰਚਾਲਨ ਇੱਕ ਸਲਿੱਪਰ ਨਿਰਮਾਣ ਫੈਕਟਰੀ ਨਾਲ ਸ਼ੁਰੂ ਹੋਇਆ।

---------------------------------------------------------------------

ਭਾਰਤ, ਨਵੇਂ ਸਾਲ 2025 ਦਾ ਰਵਾਇਤੀ ਖੁਸ਼ੀ ਅਤੇ ਧਾਰਮਿਕ ਭਾਵਨਾ ਨਾਲ ਸਵਾਗਤ ਕਰ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੇਂ ਸਾਲ 2025 ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਇੱਕ ਉੱਜਵਲ ਭਵਿੱਖ ਬਣਾਉਣ ਲਈ, ਨਾਗਰਿਕਾਂ ਨਾਲ ਮਿਲ ਕੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਭਾਰਤ ਤੇ ਵਿਸ਼ਵ ਲਈ ਵਧੇਰੇ ਸਮਾਵੇਸ਼ੀ ਅਤੇ ਟਿਕਾਊ ਭਵਿੱਖ ਦੀ ਕਾਮਨਾ ਕੀਤੀ। ਉਪ ਰਾਸ਼ਟਰਪਤੀ ਧਨਖੜ ਨੇ ਨਵੇਂ ਸਾਲ ਨੂੰ, ਦੇਸ਼ ਦੀ ਗਣਤੰਤਰ ਯਾਤਰਾ ਵਿੱਚ, ਇੱਕ ਮਹੱਤਵਪੂਰਨ ਮੋੜ ਦੱਸਿਆ। ਉਨ੍ਹਾਂ ਕਿਹਾ ਕਿ ਇਹ ਸਾਲ, ਸਾਡੇ ਸੰਵਿਧਾਨ ਦੀ ਸਦੀ ਦੀ ਆਖਰੀ ਤਿਮਾਹੀ ਵਿੱਚ ਪ੍ਰਵੇਸ਼ ਕਰਦਾ ਏ । ਉਨ੍ਹਾਂ ਕਿਹਾ ਕਿ ਹੁਣ ਸਮਾਂ ਆ ਗਿਆ ਏ ਕਿ ਅਸੀਂ 2047 ਵਿੱਚ ਵਿਕਸਤ ਭਾਰਤ ਵੱਲ ਵਧ ਕੇ ਸੰਵਿਧਾਨ ਨਿਰਮਾਤਾਵਾਂ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਆਪਣੇ ਆਪ ਨੂੰ ਮੁੜ ਸਮਰਪਿਤ ਕਰੀਏ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੇਂ ਸਾਲ ਵਿੱਚ ਨਾਗਰਿਕਾਂ ਦੀ ਉੱਤਮ ਸਿਹਤ ਅਤੇ ਖੁਸ਼ਹਾਲੀ ਦੀ ਕਾਮਨਾ ਕਰਦੇ ਹੋਏ ਉਮੀਦ ਜਤਾਈ ਕਿ ਇਹ ਸਾਲ, ਹਰ ਕਿਸੇ ਦੇ ਜੀਵਨ ਵਿੱਚ ਨਵੇਂ ਮੌਕੇ, ਸਫਲਤਾ ਅਤੇ ਅਨੰਤ ਖੁਸ਼ੀਆਂ ਲੈ ਕੇ ਆਵੇ।

---------------------------------------------------------------

ਨਵੇਂ ਵਰ੍ਹੇ ਦੀ ਆਮਦ ਮੌਕੇ ਦੇਸ਼ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿਚ, ਸੰਗਤਾਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ, ਗੁਰੂ ਘਰ ਦਾ ਅਸ਼ੀਰਵਾਦ ਲਿਆ । ਸੰਗਤਾਂ ਬੀਤੀ ਰਾਤ ਤੋਂ ਹੀ ਦਰਬਾਰ ਸਾਹਿਬ ਪਹੁੰਚਣੀਆਂ ਸ਼ੁਰੂ ਹੋ ਗਈਆਂ । ਠੰਡ ਅਤੇ ਸੰਘਣੀ ਧੁੰਦ ਦੇ ਬਾਵਜੂਦ ਸੰਗਤਾਂ 'ਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ । ਉਨ੍ਹਾਂ ਸ੍ਰੀ ਦਰਬਾਰ ਸਾਹਿਬ ਦੇ ਪਾਵਨ ਪਵਿਤਰ ਸਰੋਵਰ ਚ ਇਸ਼ਨਾਨ ਕੀਤਾ । ਸੰਗਤਾਂ ਦੀ ਆਮਦ ਦੇ ਮੱਦੇਨਜ਼ਰ ਸ਼੍ਰੋਮਣੀ ਕਮੇਟੀ ਵਲੋਂ ਵੀ ਰਿਹਾਇਸ਼, ਲੰਗਰ, ਮੈਡੀਕਲ ਸਹਾਇਤਾ ਅਤੇ ਪਾਰਕਿੰਗ ਦੇ ਸੁਚੱਜੇ ਪ੍ਰਬੰਧਾਂ ਨਾਲ ਨਾਲ, ਪੁਲਿਸ ਵਲੋਂ ਵੀ ਸੁਰਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ।

---

ਦੇਸ਼ ਨੇ ਬੁਨਿਆਦੀ ਉਦਯੋਗਾਂ ਦੇ ਉਤਪਾਦਨ ਵਿੱਚ, ਪਿਛਲੇ ਸਾਲ ਨਵੰਬਰ ਵਿੱਚ 4.3 ਫੀਸਦੀ ਸਾਲਾਨਾ ਵਾਧਾ ਦਰਜ ਕੀਤਾ ਏ। ਵਣਜ ਮੰਤਰਾਲੇ ਦੇ ਅੰਕੜਿਆਂ ਅਨੁਸਾਰ ਸੀਮਿੰਟ, ਕੋਲਾ, ਸਟੀਲ, ਬਿਜਲੀ, ਰਿਫਾਇਨਰੀ ਉਤਪਾਦਾਂ ਅਤੇ ਖਾਦਾਂ ਦੇ ਉਤਪਾਦਨ ਵਿੱਚ ਸਕਾਰਾਤਮਕ ਵਾਧਾ ਦੇਖਿਆ ਗਿਆ ਏ। ਨਵੰਬਰ 2024 ਵਿੱਚ, ਕੋਲਾ ਉਤਪਾਦਨ ਵਿੱਚ 7.5 ਫੀਸਦੀ, ਪੈਟਰੋਲੀਅਮ ਰਿਫਾਇਨਰੀ ਉਤਪਾਦਾਂ ਵਿੱਚ 2.09 ਫੀਸਦੀ, ਖਾਦਾਂ ਵਿੱਚ 2.2 ਫੀਸਦੀ, ਸਟੀਲ ਵਿੱਚ 4.8 ਫੀਸਦੀ, ਸੀਮੈਂਟ ਵਿੱਚ 13 ਫੀਸਦੀ ਅਤੇ ਬਿਜਲੀ ਉਤਪਾਦਨ ਵਿੱਚ 3.8 ਫੀਸਦੀ ਦਾ ਵਾਧਾ ਹੋਵੇਗਾ।

---

ਸਰਕਾਰ ਨੇ ਰਾਸ਼ਟਰੀ ਸਵੱਛ ਗੰਗਾ ਮਿਸ਼ਨ ਦੇ ਤਹਿਤ ਉੱਤਰ ਪ੍ਰਦੇਸ਼ ਦੇ ਚੰਦੌਲੀ ਅਤੇ ਮਾਨਿਕਪੁਰ ਲਈ 272 ਕਰੋੜ ਰੁਪਏ ਦੇ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਏ। ਕੱਲ੍ਹ ਰਾਸ਼ਟਰੀ ਸਵੱਛ ਗੰਗਾ ਮਿਸ਼ਨ ਦੀ 59ਵੀਂ ਕਾਰਜਕਾਰੀ ਕਮੇਟੀ ਦੀ ਮੀਟਿੰਗ ਵਿੱਚ ਰਾਜੀਵ ਕੁਮਾਰ ਮੰਦਰ ਦੇ

ਨਾਲ-ਨਾਲ ਗੰਗਾ ਨਦੀ ਦੀ ਸੰਭਾਲ ਅਤੇ ਕੰਮ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦਾ ਉਦੇਸ਼ ਨਦੀ ਦੀ ਸੁਤੰਤਰਤਾ, ਟਿਕਾਊ ਵਿਕਾਸ ਅਤੇ ਸੱਭਿਆਚਾਰਕ ਮਹੱਤਵ ਦੀ ਸੰਭਾਲ ਨੂੰ ਉਤਸ਼ਾਹਿਤ ਕਰਨਾ ਏ।

---------------------------------------------------------

ਪੰਜਾਬ ਦੇ ਲੋਕਾਂ ਲਈ ਮਿਆਰੀ ਸਿਹਤ ਸੇਵਾਵਾਂ ਤੱਕ ਆਸਾਨ ਪਹੁੰਚ ਨੂੰ ਯਕੀਨੀ ਬਣਾਉਣ ਲਈ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਲ ਇੱਕ ਐਂਡਰੋਇਡ ਮੋਬਾਈਲ ਐਪਲੀਕੇਸ਼ਨ 'ਸਟੇਟ ਹੈਲਥ ਏਜੰਸੀ ਪੰਜਾਬ' ਜਾਰੀ ਕੀਤੀ ਏ। ਸਿਹਤ ਮੰਤਰੀ ਨੇ ਕਿਹਾ ਕਿ ਇਸ ਡਿਜੀਟਲ ਪਲੇਟਫਾਰਮ ਦੀ ਵਰਤੋਂ ਕਰਕੇ, ਵਿਅਕਤੀ ਹੁਣ ਆਪਣੇ ਮੋਬਾਈਲ ਫੋਨਾਂ ਤੋਂ ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਲਈ, ਆਪਣੀ ਯੋਗਤਾ ਦੀ ਆਸਾਨੀ ਨਾਲ ਜਾਂਚ ਕਰ ਸਕਦੇ ਨੇ। ਉਨ੍ਹਾਂ ਕਿਹਾ ਕਿ ਇਹ ਐਪ, ਯੋਜਨਾ ਨਾਲ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਬਾਰੇ ਵੀ ਜਾਣਕਾਰੀ ਪ੍ਰਦਾਨ ਕਰਦੀ ਏ ਜਿੱਥੇ ਲੋੜਵੰਦ ਵਿਅਕਤੀ ਇਸ ਸਰਕਾਰੀ ਸਿਹਤ ਬੀਮਾ ਯੋਜਨਾ ਤਹਿਤ ਇਲਾਜ ਕਰਵਾ ਸਕਦੇ ਨੇ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ

ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਇਕ ਕਰੋੜ 68 ਲਖ ਲਾਭਪਾਤਰੀ ਨੇ। ਡਾ. ਬਲਬੀਰ ਸਿੰਘ ਨੇ ਪੰਜਾਬ ਵਾਸੀਆਂ ਨੂੰ 'ਸਟੇਟ ਹੈਲਥ ਏਜੰਸੀ ਪੰਜਾਬ' ਐਪ 'ਤੇ ਆਪਣੀ ਯੋਗਤਾ ਦੀ ਜਾਂਚ ਕਰਕੇ, ਆਪਣੇ ਕਾਰਡ ਬਣਾਉਣ ਲਈ ਪ੍ਰੇਰਿਤ ਕੀਤਾ।

-------------------------------------------------------

ਪੰਜਾਬ ਪੁਲਿਸ ਨੇ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੀ ਅਗਵਾਈ ਹੇਠ ਅਮਨ-ਕਾਨੂੰਨ ਨੂੰ ਬਣਾਈ ਰੱਖਣ ਅਤੇ ਸੂਬੇ ਵਿੱਚ ਵਾਪਰੇ ਵੱਡੇਅਪਰਾਧਾਂ ਨੂੰ ਸਫ਼ਲਤਾਪੂਰਵਕ ਹੱਲ ਕਰਨ ਵਿੱਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਏ। ਇੰਸਪੈਕਟਰ ਜਨਰਲ ਆਫ਼ ਪੁਲਿਸ ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਨੇ ਦੱਸਿਆ ਕਿ ਪੁਲਿਸ ਨੇ ਸਾਲ 2024 ਵਿੱਚ 12 ਹਜ਼ਾਰ 255 ਮਾਮਲੇ ਦਰਜ ਕਰਕੇ 8 ਹਜ਼ਾਰ 935 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚੋਂ 1099 ਕਿਲੋਗ੍ਰਾਮ ਹੈਰੋਇਨ, 991 ਕਿਲੋਗ੍ਰਾਮ ਅਫੀਮ, 414 ਕੁਇੰਟਲ ਭੁੱਕੀ ਅਤੇ 2 ਲੱਖ 94 ਹਜ਼ਾਰ ਨਸ਼ੀਲੀਆਂ

ਗੋਲੀਆਂ ਬਰਾਮਦ ਕਰਨ ਤੋਂ ਇਲਾਵਾ ਫੜੇ ਗਏ ਨਸ਼ਾ ਤਸਕਰਾਂ ਤੋਂ 14 ਕਰੋੜ 73 ਲਖ  ਦੀ ਡਰੱਗ ਮਨੀ ਬਰਾਮਦ ਕੀਤੀ ਏ।

-----------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਤੋਂ ਤਿੰਨ ਦਿਨਾਂ ਦੌਰਾਨ, ਪੱਛਮੀ ਹਿਮਾਲੀਅਨ ਖੇਤਰ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਅਤੇ ਬਰਫ਼ਬਾਰੀ ਦੀ ਭਵਿੱਖਬਾਣੀ ਕੀਤੀ ਏ। ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਅੱਜ ਵੱਖ-ਵੱਖ ਥਾਵਾਂ ’ਤੇ ਕੜਾਕੇ ਦੀ ਠੰਢ ਰਹੇਗੀ।